**ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰਾਜੈਕਟ**
**ਡਾਇਰੈਕਟਰ ਸਰਵ ਸਿੱਖਿਆ ਅਭਿਆਨ ਅਥਾਰਿਟੀ,ਪੰਜਾਬ।**
**ਸਿੱਖਿਆ ਭਵਨ(ਪੰਜਾਬ ਸਕੂਲ ਸਿੱਖਿਆ ਬੋਰਡ),ਪੰਜਵੀਂ ਮੰਜ਼ਿਲ,ਬਲਾਕ-ਈ,ਫੇਜ਼-8,ਅਜੀਤਗੜ੍ਹ(ਮੋਹਾਲੀ)**
**ਪੰਜਾਬ-160062 ਫੋਨ ਨੰ: 0172-5212313,5212359 ਫੈਕਸ ਨੰ:0172-5212369,5212370**
**ਈ-ਮੇਲ:ddssa777@gmail.com Website: ssapunjab.org**

# ਪਬਲਿਕ ਨੋਟਿਸ

ਇਸ ਦਫ਼ਤਰ ਦੇ ਹੁਕਮ ਨੰ: ਇਨਫੋਰਸਮੈਂਟ-2/ਪਟਿਆਲਾ/2013/ਆਰ002943-44 ਮਿਤੀ 11.04.2013 ਰਾਹੀਂ **ਸ੍ਰੀਮਤੀ ਸੁਖਵਿੰਦਰ ਕੌਰ, ਮੈਥ ਮਿਸਟ੍ਰੈਸ, ਸਰਕਾਰੀ ਕੰਨਿਆ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ, ਮਾਡਲ ਟਾਊਨ ਪਟਿਆਲਾ, ਜ਼ਿਲ੍ਹਾ ਪਟਿਆਲਾ** ਨੂੰ ਮਿਤੀ 02.04.2013 ਤੋਂ ਅਣ-ਅਧਿਕਾਰਤ ਤੌਰ ਤੇ ਡਿਊਟੀ ਤੋਂ ਗੈਰ ਹਾਜ਼ਰ ਰਹਿਣ ਕਾਰਨ ਅਤੇ ਸਕੂਲ ਵਿੱਚ ਬੱਚਿਆਂ ਨੂੰ ਨਾ ਪੜ੍ਹਾ ਕੇ ਸਕੂਲ ਦਾ ਮਾਹੌਲ ਖਰਾਬ ਕਰਨ ਕਰਕੇ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਰੂਲਜ਼ 1970 ਦੀ ਧਾਰਾ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰਨ ਵੱਲੋਂ ਦੋਸ਼ ਸੂਚੀ ਦਾ ਕੋਈ ਉੱਤਰ ਨਹੀਂ ਦਿੱਤਾ ਗਿਆ। ਇਸ ਉਪਰੰਤ ਇਸ ਦਫ਼ਤਰ ਦੇ ਹੁਕਮ ਨੰ: ਇਨਫੋਰਸਮੈਂਟ-2/ਪਟਿਆਲਾ/2013/8881-8884, ਮਿਤੀ 14.05.2013 ਰਾਹੀਂ ਕਰਮਚਾਰਨ ਵਿਰੁੱਧ ਲੱਗੇ ਦੋਸ਼ਾਂ ਦੀ ਸਚਾਈ ਜਾਨਣ ਲਈ ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨਾਭਾ (ਗ), ਜ਼ਿਲ੍ਹਾ ਪਟਿਆਲਾ ਨੂੰ ਪੜਤਾਲੀਆ ਅਫ਼ਸਰ ਨਿਯੁਕਤ ਕੀਤਾ ਗਿਆ ਸੀ।

ਪੜਤਾਲੀਆ ਅਫ਼ਸਰ ਵੱਲੋਂ ਮਿਤੀ 10.07.2013 ਨੂੰ ਪੜਤਾਲ ਰਿਪੋਰਟ ਪੇਸ਼ ਕੀਤੀ ਗਈ। ਪੜਤਾਲੀਆ ਅਫ਼ਸਰ ਦੀ ਰਿਪੋਰਟ ਅਨੁਸਾਰ ਕਰਮਚਾਰਨ ਪੜਤਾਲ ਵਿੱਚ ਸ਼ਾਮਲ ਨਹੀਂ ਹੋਈ। **ਸ੍ਰੀਮਤੀ ਸੁਖਵਿੰਦਰ ਕੌਰ, ਮੈਥ ਮਿਸਟ੍ਰੈਸ** ਨੂੰ ਪੜਤਾਲ ਰਿਪੋਰਟ ਦੀ ਇੱਕ ਨਕਲ ਭੇਜਦੇ ਹੋਏ ਮਿਤੀ 22.08.2013 ਨੂੰ ਸਵੇਰੇ 11:00 ਵਜੇ ਨਿੱਜੀ ਸੁਣਵਾਈ ਲਈ ਬੁਲਾਇਆ ਗਿਆ ਸੀ ਪਰੰਤੂ ਉਹ ਹਾਜ਼ਰ ਨਹੀਂ ਹੋਈ। ਉਪਰੰਤ ਮੁੜ ਮਿਤੀ 10.09.2013 ਨੂੰ ਨਿੱਜੀ ਸੁਣਵਾਈ ਦਾ ਇੱਕ ਮੌਕਾ ਹੋਰ ਦਿੱਤਾ ਗਿਆ ਫਿਰ ਵੀ ਉਹ ਹਾਜ਼ਰ ਨਹੀਂ ਹੋਈ। ਇਸ ਤੋਂ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਇਹ ਕਰਮਚਾਰਨ ਸਰਕਾਰੀ ਸੇਵਾ ਵਿੱਚ ਰਹਿਣ ਦੀ ਚਾਹਵਾਨ ਨਹੀਂ ਹੈ।

ਇਸ ਲਈ **ਸ੍ਰੀਮਤੀ ਸੁਖਵਿੰਦਰ ਕੌਰ, ਮੈਥ ਮਿਸਟ੍ਰੈਸ,ਸਰਕਾਰੀ ਕੰਨਿਆ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ, ਮਾਡਲ ਟਾਊਨ ਪਟਿਆਲਾ, ਜ਼ਿਲ੍ਹਾ ਪਟਿਆਲਾ** ਨੂੰ ਇਸ ਪਬਲਿਕ ਨੋਟਿਸ ਰਾਹੀਂ ਇਹ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਨੋਟਿਸ ਦੇ **ਪ੍ਰਕਾਸ਼ਿਤ ਹੋਣ ਤੋਂ 21 ਦਿਨਾਂ ਦੇ ਅੰਦਰ-ਅੰਦਰ** ਸਹੀਕਰਤਾ ਦੇ ਦਫ਼ਤਰੀ ਕਮਰੇ ਵਿੱਚ **ਨਿੱਜੀ ਪੱਧਰ** ਤੇ ਹਾਜ਼ਰ ਹੋ ਕੇ **ਆਪਣਾ ਪੱਖ/ਸਪੱਸ਼ਟੀਕਰਨ** ਪੇਸ਼ ਕਰਨ। ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਇਹ ਸਮਝਿਆ ਜਾਵੇਗਾ ਕਿ ਉਹਨਾ ਦੀ ਸਰਕਾਰੀ ਨੌਕਰੀ ਨੂੰ ਚਾਲੂ ਰੱਖਣ ਵਿੱਚ ਕੋਈ ਦਿਲਚਸਪੀ ਨਹੀਂ ਹੈ ਅਤੇ ਇਸ ਉਪਰੰਤ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਰੂਲਜ਼ 1970 ਦੀ ਧਾਰਾ 5 (ix) ਤਹਿਤ ਕਾਰਵਾਈ ਕਰਦੇ ਹੋਏ ਉਸ ਨੂੰ ਨੌਕਰੀ ਤੋਂ ਡਿਸਮਿਸ ਕਰ ਦਿੱਤਾ ਜਾਵੇਗਾ।

**ਕੁਮਾਰ ਰਾਹੁਲ (ਆਈ.ਏ.ਐਸ.)**
**ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ**